# ਪੰਜਾਬ ਵਿਧਾਨ ਸਭਾ ਸਕੱਤਰੇਤ

**ਚੌਥਾ ਸਮਾਗਮ**

**ਜ਼ੁਬਾਨੀ ਉੱਤਰ ਲਈ ਪ੍ਰਸ਼ਨ**

## 20 ਅਕਤੂਬਰ 2023

----

**ਕੁੱਲ ਪ੍ਰਸ਼ਨ 20**

----

**ਰੋਸਟਰ-ਪੁਆਇੰਟਾਂ ਅਨੁਸਾਰ ਤਰੱਕੀਆਂ ਦੇਣਾ**

***778 ਸ. ਸੁਖਵਿੰਦਰ ਸਿੰਘ ਕੋਟਲੀ ( ਆਦਮਪੁਰ):**

**ਵਿੱਤ, ਯੋਜਨਾ, ਪ੍ਰੋਗਰਾਮ ਲਾਗੂ ਕਰਨ, ਆਬਕਾਰੀ ਅਤੇ ਕਰ** ਕੀ ਆਬਕਾਰੀ ਅਤੇ ਕਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਨੇ ਆਬਕਾਰੀ ਅਤੇ ਕਰ ਇੰਸਪੈਕਟਰਾਂ ਤੋਂ ਲੈ ਕੇ ਆਬਕਾਰੀ ਅਤੇ ਕਰ ਅਫਸਰਾਂ ਤੱਕ ਰਾਖਵੀਂ ਸ਼੍ਰੇਣੀ ਨਾਲ ਸਬੰਧਤ ਕਰਮਚਾਰੀਆਂ ਨੂੰ ਨਿਯਮਾਂ ਅਤੇ ਉਹਨਾਂ ਦੇ ਰੋਸਟਰ-ਪੁਆਇਟਾਂ ਅਨੁਸਾਰ ਤਰੱਕੀਆਂ ਦੇ ਦਿੱਤੀਆਂ ਹਨ; ਜੇਕਰ ਨਹੀਂ ਤਾਂ ਇਸਦੇ ਕਾਰਨ ਕੀ ਹਨ?

----

**ਪਿੰਡਾਂ ਵਿੱਚੋਂ ਲੰਘਦੀ ਚੰਦਰਭਾਨ ਡਰੇਨ ਦੀ ਸਫਾਈ ਕਰਵਾਉਣਾ**

***699 ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਜਲ ਸਰੋਤ, ਖਾਣਾਂ ਅਤੇ ਭੂ-ਵਿਗਿਆਨ, ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਭੂਮੀ ਅਤੇ ਪਾਣੀ ਦੀ ਸੰਭਾਲ** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡਾਂ ਵਿੱਚੋਂ ਲੰਘਦੀ ਚੰਦਰਭਾਨ ਡਰੇਨ ਜੋ ਕੀ ਬਰਸਾਤਾਂ ਦੇ ਸਮੇਂ ਕਾਫੀ ਫ਼ਸਲਾਂ ਦਾ ਨੁਕਸਾਨ ਕਰਦੀ ਹੈ, ਦੀ ਸਫਾਈ ਕਰਵਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ?

----

**ਸ਼੍ਰੀ ਚਮਕੌਰ ਸਾਹਿਬ ਵਿਖੇ ਮੈਡੀਕਲ ਕਾਲਜ ਖੋਲ੍ਹਣਾ**

*591 **ਸ. ਚਰਨਜੀਤ ਸਿੰਘ (ਚਮਕੌਰ ਸਾਹਿਬ):**

**ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਹਲਕਾ ਸ੍ਰੀ ਚਮਕੌਰ ਸਾਹਿਬ ਵਿਖੇ ਕੋਈ ਮੈਡੀਕਲ ਕਾਲਜ ਖੋਲ੍ਹਣ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

### ਬਾਜੀਗਰ ਬਰਾਦਰੀ ਨਾਲ ਸਬੰਧਿਤ ਲੋਕਾਂ ਨੂੰ ਰਿਹਾਇਸ਼ੀ ਘਰਾਂ ਦੇ ਮਾਲਕਾਨਾ ਹੱਕ ਦੇਣਾ

*763 **ਸ. ਲਖਬੀਰ ਸਿੰਘ ਰਾਏ ( ਫਤਿਹਗੜ੍ਹ ਸਾਹਿਬ ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ** ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਬਾਜੀਗਰ ਬਰਾਦਰੀ ਨਾਲ ਸਬੰਧਿਤ ਲੋਕ ਸੰਨ 1947 ਤੋਂ ਫਤਿਹਗੜ੍ਹ ਸਾਹਿਬ ਵਿਖੇ ਰਹਿ ਰਹੇ ਹਨ ਪਰੰਤੂ ਉਨ੍ਹਾਂ ਨੂੰ ਹਾਲੇ ਤੱਕ ਰਿਹਾਇਸ਼ੀ ਘਰਾਂ ਦੇ ਮਾਲਕਾਨਾ ਹੱਕ ਨਹੀਂ ਮਿਲੇ; ਜੇਕਰ ਅਜਿਹਾ ਹੋਵੇ ਤਾਂ ਕੀ ਇਹਨਾਂ ਨੂੰ ਰਿਹਾਇਸ਼ੀ ਘਰਾਂ ਦੇ ਮਾਲਕਾਨਾ ਹੱਕ ਦੇਣ ਸਬੰਧੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ ਜੇਕਰ ਹੈ ਤਾਂ ਕਦੋਂ ਤੱਕ ?

----

### ਜੰਗਲਾਤ/ਹਰਿਆਵਲ ਦੇ ਹਿੱਸੇ ਨੂੰ ਬਚਾਉਣ ਲਈ ਪਾਲਿਸੀ ਬਣਾਉਣਾ

*818 **ਸ. ਅਜੀਤਪਾਲ ਸਿੰਘ ਕੋਹਲੀ (ਪਟਿਆਲਾ):**

**ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ** ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:- ੳ) ਰਾਜ ਦਾ ਇਸ ਸਮੇਂ ਕਿੰਨਾ ਹਿੱਸਾ ਜੰਗਲਾਤ/ਹਰਿਆਵਲ ਅਧੀਨ ਹੈ; ਅ) ਰਾਜ ਦੇ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਇਸ ਦੇ ਕਿੰਨੇ ਹਿੱਸੇ ਨੂੰ ਜੰਗਲਾਤ/ਹਰਿਆਵਲ ਅਧੀਨ ਰੱਖਣਾ ਜ਼ਰੂਰੀ ਹੈ; ੲ) ਕੀ ਸਰਕਾਰ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਅਰਬਨਾਈਜ਼ੇਸ਼ਨ ਦੇ ਵੱਧਣ ਕਾਰਨ ਜੰਗਲਾਤ ਦੇ ਹਿੱਸੇ ਤੇ ਪੈ ਰਹੇ ਪ੍ਰਭਾਵ ਦੇ ਮੱਦੇ ਨਜ਼ਰ ਅਜਿਹੀ ਕੋਈ ਪਾਲਿਸੀ ਬਣਾਏਗੀ ਤਾਂ ਕਿ ਜੰਗਲਾਤ/ਹਰਿਆਵਲ ਦੇ ਹਿੱਸੇ ਨੂੰ ਬਚਾਇਆ ਜਾ ਸਕੇ?

----

### ਦਿੱਲੀ ਏਅਰਪੋਰਟ ਤੇ ਜਾ ਰਹੀਆਂ ਏ.ਸੀ. ਬੱਸਾਂ ਦੇ ਵੇਰਵੇ

*414 **ਸ. ਪ੍ਰਤਾਪ ਸਿੰਘ ਬਾਜਵਾ (ਕਾਦੀਆਂ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ;- ੳ) ਇਸ ਸਮੇਂ ਰਾਜ ਦੇ ਵੱਖ-ਵੱਖ ਸ਼ਹਿਰਾਂ/ਜ਼ਿਲ੍ਹਿਆਂ ਤੋਂ ਕਿੰਨੀਆਂ ਏ.ਸੀ.ਬੱਸਾਂ ਦਿੱਲੀ ਏਅਰਪੋਰਟ ਤੇ ਜਾ ਰਹੀਆਂ ਹਨ; ਅ) ਪ੍ਰਤੀ ਸਵਾਰੀ ਕਿੰਨਾ ਕਿਰਾਇਆ ਲਿਆ ਜਾ ਰਿਹਾ ਹੈ; ਸ) ਹੁਣ ਤੱਕ ਇਸ ਤੋਂ ਮਹੀਨਾਵਾਰ ਕਿੰਨੀ ਆਮਦਨ ਹੋਈ ਹੈ ਅਤੇ ਕਿੰਨੇ ਲੋਕਾਂ ਨੂੰ ਇਸ ਸਹੂਲਤ ਦਾ ਲਾਭ ਹੋਇਆ ਹੈ?

----

### ਸਕੂਲੀ ਪੱਧਰ ਤੇ ਖੇਡਾਂ ਨੂੰ ਪ੍ਰਫੁੱਲਤ ਕਰਨਾ

*773 **ਸ. ਗੁਰਿੰਦਰ ਸਿੰਘ ਗੈਰੀ ਬੜਿੰਗ (ਅਮਲੋਹ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਰਾਜ ਸਰਕਾਰ ਵੱਲੋਂ ਸਕੂਲੀ ਪੱਧਰ ਤੇ ਖੇਡਾਂ ਦੇ ਢਾਂਚੇ ਬਨਾਉਣ ਅਤੇ ਪ੍ਰਫੁੱਲਤ ਕਰਨ ਲਈ ਕੀ ਕਦਮ ਚੁੱਕੇ ਜਾ ਰਹੇ ਹਨ ; ਵੇਰਵੇ ਸਹਿਤ ਦੱਸਿਆ ਜਾਵੇ ?

----

**ਲੁਧਿਆਣਾ ਦੇ ਸਦਰਨ ਬਾਈਪਾਸ (ਸ਼ਹੀਦ ਬੇਅੰਤ ਸਿੰਘ ਮਾਰਗ) ਦੀ ਰੀਕਾਰਪੈੱਟਿੰਗ ਕਰਵਾਉਣਾ**

***797 ਸ. ਕੁਲਵੰਤ ਸਿੰਘ ਸਿੱਧੂ (ਆਤਮ ਨਗਰ):**

**ਲੋਕ ਨਿਰਮਾਣ, ਬਿਜਲੀ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਲੁਧਿਆਣਾ ਦੇ ਸਦਰਨ ਬਾਈਪਾਸ ਸੜਕ (ਸ਼ਹੀਦ ਬੇਅੰਤ ਸਿੰਘ ਮਾਰਗ) ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਕੀ ਇਸਦੀ ਰੀਕਾਰਪੈੱਟਿੰਗ ਜਾਂ ਨਵ-ਨਿਰਮਾਣ ਕਰਵਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਬਠਿੰਡਾ ਥਰਮਲ ਪਲਾਂਟ ਅਤੇ ਝੀਲਾਂ ਨੂੰ ਟੂਰਿਜ਼ਮ ਹੱਬ ਵਜੋਂ ਵਿਕਸਤ ਕਰਨਾ**

***843 ਸ. ਜਗਰੂਪ ਸਿੰਘ ਗਿੱਲ (ਬਠਿੰਡਾ ਸ਼ਹਿਰੀ ):**

**ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ**
ਕੀ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਬਠਿੰਡਾ ਥਰਮਲ ਪਲਾਂਟ ਅਤੇ ਝੀਲਾਂ ਨੂੰ ਟੂਰਿਜ਼ਮ ਦੀ ਹੱਬ ਵਜੋਂ ਵਿਕਸਤ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

**ਹਲਕਾ ਸ਼ੁਤਰਾਣਾ ਅਧੀਨ ਆਉਂਦੇ ਪਿੰਡਾਂ ਵਿੱਚ ਨਵੀਂ ਅਨਾਜ ਮੰਡੀ ਖੋਲ੍ਹਣਾ**

***517 ਸ. ਕੁਲਵੰਤ ਸਿੰਘ ਬਾਜੀਗਰ (ਸ਼ੁਤਰਾਣਾ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਸ਼ੁਤਰਾਣਾ ਅਧੀਨ ਆਉਂਦੇ ਪਾਤੜਾਂ ਜਾਂ ਆਲੇ ਦੁਆਲੇ ਦੇ ਪਿੰਡਾਂ ਵਿੱਚ ਨਵੀਂ ਅਨਾਜ ਮੰਡੀ ਖੋਲ੍ਹਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਖੁਦਾਈ ਲਈ ਜਗ੍ਹਾ ਦਾ ਲਾਇਸੈਂਸ ਪ੍ਰਾਪਤ ਕਰਨ ਲਈ ਰਜਿਸਟਰਡ ਅਰਜੀਆਂ ਦੇ ਵੇਰਵੇ**

*656 **ਸ਼੍ਰੀ ਸੰਦੀਪ ਜਾਖੜ (ਅਬੋਹਰ):**

**ਜਲ ਸਰੋਤ, ਖਾਣਾਂ ਅਤੇ ਭੂ-ਵਿਗਿਆਨ, ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਭੂਮੀ ਅਤੇ ਪਾਣੀ ਦੀ ਸੰਭਾਲ** ਕੀ ਮਾਈਨਜ਼ ਅਤੇ ਜਿਓਲੋਜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:- ੳ) ਖੁਦਾਈ ਲਈ ਜਗ੍ਹਾ ਦਾ ਲਾਇਸੈਂਸ ਪ੍ਰਾਪਤ ਕਰਨ ਲਈ ਇਸ ਸਾਲ ਕਿੰਨੀਆਂ ਅਰਜ਼ੀਆਂ ਰਜਿਸਟਰਡ ਕੀਤੀਆਂ ਗਈਆਂ ਹਨ; ਅ) ਇਹਨਾਂ ਥਾਵਾਂ ਲਈ ਮੰਜ਼ੂਰੀ ਦੇਣ ਲਈ ਕੀ ਮਾਪ-ਦੰਡ ਅਪਨਾਏ ਗਏ ਸਨ?

----

## ਸੀ.ਐਚ.ਸੀ ਦਾਦਾ ਕਲੋਨੀ ਦੀਆਂ ਅਸਾਮੀਆਂ ਦੇ ਵੇਰਵੇ

*687 **ਸ਼੍ਰੀ. ਅਵਤਾਰ ਸਿੰਘ ਜੂਨੀਅਰ (ਜਲੰਧਰ ਉੱਤਰੀ ):**

**ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :- ੳ) ਸੀ.ਐਚ.ਸੀ ਦਾਦਾ ਕਲੋਨੀ ਵਿੱਚ ਦਰਜਾ 4, ਨਰਸਿੰਗ, ਸਿਹਤ ਤਕਨੀਸ਼ੀਅਨ, ਡਾਕਟਰ, ਪ੍ਰਸ਼ਾਸਕਾਂ ਅਤੇ ਹੋਰ ਵਰਗਾਂ ਦੀਆਂ ਅਸਾਮੀਆਂ ਦੀ ਕੁੱਲ ਗਿਣਤੀ ਕਿੰਨੀ ਹੈ; ਅ) ਸਾਲ 2022-23 ਵਿੱਚ ਹਰੇਕ ਸ਼੍ਰੇਣੀ ਦੀਆਂ ਭਰੀਆਂ ਗਈਆਂ ਅਸਾਮੀਆਂ ਦੀ ਕੁੱਲ ਗਿਣਤੀ ਕਿੰਨੀ ਹੈ; ੲ) ਉਪਰੋਕਤ ਸੀ.ਐਚ.ਸੀ ਵਿੱਚ ਮਾਰਚ 2022 ਤੋਂ ਜਨਵਰੀ 2023 ਤੱਕ ਮਹੀਨਾ-ਵਾਰ, ਇਲਾਜ਼ ਕੀਤੇ ਗਏ ਮਰੀਜਾਂ ਦੀ ਗਿਣਤੀ ਕਿੰਨੀ ਹੈ?

----

## ਗ੍ਰਾਮ ਪੰਚਾਇਤਾਂ ਦੀ ਕਾਰਵਾਈ ਆਨ ਲਾਈਨ ਕਰਨਾ

*668 **ਸ਼੍ਰੀ ਜਗਦੀਪ ਕੰਬੋਜ਼ ਗੋਲਡੀ ( ਜਲਾਲਾਬਾਦ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪੰਜਾਬ ਵਿੱਚ ਸਮੂਹ ਗ੍ਰਾਮ ਪੰਚਾਇਤਾਂ ਦੀ ਕਾਰਵਾਈ (Proceedings) ਆਨ ਲਾਈਨ ਕਰਨ ਦੀ ਸਰਕਾਰ ਦੀ ਕੋਈ ਯੋਜਨਾ ਹੈ; ਜੇਕਰ ਹੈ ਤਾਂ ਇਹ ਪਾਲਿਸੀ ਕਦੋਂ ਤੱਕ ਲਾਗੂ ਕਰ ਦਿੱਤੀ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ ?

----

## ਰਾਸ਼ਨ ਕਾਰਡ ਧਾਰਕਾਂ ਦੀ ਪੜਤਾਲ ਕਰਨਾ

*380 **ਡਾ. ਰਵਜੋਤ ਸਿੰਘ(ਸ਼ਾਮ ਚੁਰਾਸੀ ) :**
**ਸ. ਲਾਭ ਸਿੰਘ ਉਗੋਕੇ(ਭਦੌੜ) :**
**ਸ਼੍ਰੀ ਨਰੇਸ਼ ਕਟਾਰੀਆ(ਜੀਰਾ ) :**

**ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ :-** ਕੀ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :- ੳ) ਕੀ ਪੁਰਾਣੇ ਰਾਸ਼ਨ ਕਾਰਡ ਧਾਰਕਾਂ ਦੀ ਪੜਤਾਲ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ ਤਾਂ ਕਦੋਂ ਤੱਕ; ਅ) ਕੀ ਨਵੇਂ ਰਾਸ਼ਨ ਕਾਰਡ ਲਾਭਪਾਤਰੀਆਂ ਨੂੰ ਵੀ ਸ਼ਾਮਿਲ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ

ਕਦੋਂ ਤੱਕ ?

----

## ਮਜੀਠਾ ਬੱਸ ਸਟੈਂਡ ਵਿੱਚ ਯਾਤਰੀਆਂ ਨੂੰ ਸਹੂਲਤਾਂ ਮੁਹੱਈਆ ਕਰਵਾਉਣਾ

***786 ਸ਼੍ਰੀਮਤੀ ਗਨੀਵ ਕੌਰ ਮਜੀਠਾ ( ਮਜੀਠਾ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਬੱਸ ਸਟੈਂਡ, ਮਜੀਠਾ ਵਿੱਚ ਯਾਤਰੀਆਂ ਦੇ ਬੈਠਣ ਵਾਲੀਆਂ ਕੁਰਸੀਆਂ ਟੁੱਟ ਚੁੱਕੀਆਂ ਹਨ, ਪੱਖੇ ਨਹੀਂ ਹਨ, ਪਖਾਨਿਆਂ ਦੀ ਹਾਲਤ ਬਹੁਤ ਖਸਤਾ ਹੈ, ਬੱਸ ਅੱਡੇ ਵਾਸਤੇ ਲਾਈਟਾਂ ਜਗਾਉਣ ਵਾਲਾ ਸੋਲਰ ਸਿਸਟਮ ਕੰਮ ਨਹੀਂ ਕਰ ਰਿਹਾ ਅਤੇ ਲਾਈਟਾਂ ਵੀ ਟੁੱਟ ਚੁੱਕੀਆਂ ਹਨ; ਜੇਕਰ ਅਜਿਹਾ ਹੋਵੇ ਤਾਂ ਮਜੀਠਾ ਬੱਸ ਸਟੈਂਡ ਵਿੱਚ ਯਾਤਰੀਆਂ ਨੂੰ ਉਪਰੋਕਤ ਸਹੂਲਤਾਂ ਮੁੜ ਕਦੋਂ ਤੱਕ ਮੁਹੱਈਆ ਕਰਵਾ ਦਿੱਤੀਆਂ ਜਾਣਗੀਆਂ?

----

## ਸਰਕਾਰੀ ਕਾਲਜ ਟਾਂਡਾ ਦੇ ਖੇਡ ਮੈਦਾਨ ਵਿੱਚ ਸਿਨਥੈਟਿਕ ਟਰੈਕ ਬਣਾਉਣ ਲਈ ਫੰਡ ਜਾਰੀ ਕਰਨਾ

***525 ਸ. ਜਸਵੀਰ ਸਿੰਘ ਰਾਜਾ ਗਿੱਲ (ਉੜਮੁੜ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ** ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰੀ ਕਾਲਜ ਟਾਂਡਾ ਦੇ ਖੇਡ ਮੈਦਾਨ ਵਿੱਚ ਸਿਨਥੈਟਿਕ ਟਰੈਕ ਬਣਾਉਣ ਸਬੰਧੀ ਕੋਈ ਤਜਵੀਜ਼ ਹੈ; ਜੇਕਰ ਹੈ ਤਾਂ ਇਸ ਲਈ ਕਦੋਂ ਤੱਕ ਸਰਕਾਰ ਵੱਲੋਂ ਫੰਡ ਜਾਰੀ ਕੀਤਾ ਜਾਵੇਗਾ?

----

## ਲਹਿਰਾ ਮੁਹੱਬਤ ਦੇ ਥਰਮਲ ਪਲਾਂਟ ਦਾ ਕੰਮ ਲੇਟ ਕਰਨ ਵਾਲੇ ਅਧਿਕਾਰੀਆਂ ਖਿਲਾਫ ਕਾਰਵਾਈ

***781 ਸ. ਜਗਸੀਰ ਸਿੰਘ (ਭੁਚੋ ਮੰਡੀ):**

**ਲੋਕ ਨਿਰਮਾਣ, ਬਿਜਲੀ** ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ- ੳ) ਕੀ ਹਲਕਾ ਭੁੱਚੋਂ ਮੰਡੀ ਵਿੱਚ ਲਹਿਰਾ ਮੁਹੱਬਤ ਵਿਖੇ ਜੋ ਥਰਮਲ ਪਲਾਂਟ ਲੱਗਾ ਹੋਇਆ ਹੈ, ਉਸ ਪਲਾਂਟ ਦਾ ESP ਪਲਾਂਟ 2022 ਵਿੱਚ ਬਲਾਸਟ ਹੋ ਗਿਆ ਸੀ, ਜਿਸ ਕਾਰਨ ਉਹ ਬੰਦ ਹੈ; ਅ) ਉਪਰੋਕਤ ਭਾਗ (ੳ) ਵਿੱਚ ਵਰਣਿਤ ਥਰਮਲ ਪਲਾਂਟ ਦਾ ਕੰਮ ਲੇਟ ਕਰਨ ਵਾਲੇ ਅਧਿਕਾਰੀਆਂ ਤੇ ਕਦੋਂ ਤੱਕ ਬਣਦੀ ਕਾਰਵਾਈ ਕੀਤੀ ਜਾਵੇਗੀ ?

----

## ਪਿੰਡ ਬੱਸੀਆਂ ਵਿੱਖੇ ਬਣੀ ਮਹਾਰਾਜਾ ਦਲੀਪ ਸਿੰਘ ਦੀ ਯਾਦਗਾਰੀ ਇਮਾਰਤ ਦੀ ਸਾਂਭ ਸੰਭਾਲ

***795 ਸ. ਹਾਕਮ ਸਿੰਘ ਠੇਕੇਦਾਰ (ਰਾਏਕੋਟ):**

**ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ** ਕੀ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਰਾਏਕੋਟ ਦੇ ਪਿੰਡ ਬੱਸੀਆਂ ਵਿੱਖੇ ਬਣੀ ਇਤਿਹਾਸਿਕ ਇਮਾਰਤ ਜੋ ਕਿ ਮਹਾਰਾਜਾ ਦਲੀਪ ਸਿੰਘ ਦੀ ਯਾਦਗਾਰੀ ਇਮਾਰਤ ਹੈ, ਦੀ ਸਾਂਭ-ਸੰਭਾਲ ਜਾਂ ਦੇਖਰੇਖ

ਸਰਕਾਰ ਦੇ ਵਿਚਾਰ ਅਧੀਨ ਹੈ?

----

**ਹਲਕਾ ਅਟਾਰੀ ਜੀ.ਟੀ. ਰੋਡ ਨਜਦੀਕ ਟੋਲ-ਪਲਾਜ਼ਾ ਕੋਲ Horticulture training center ਬਨਾਉਣਾ**

***809 ਏ.ਡੀ.ਸੀ. ਜਸਵਿੰਦਰ ਸਿੰਘ ਰਾਮਦਾਸ (ਅਟਾਰੀ ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਅਟਾਰੀ ਜੀ.ਟੀ. ਰੋਡ ਨਜਦੀਕ ਟੋਲ-ਪਲਾਜ਼ਾਂ ਕੋਲ Horticulture training Center ਬਨਾਉਣਾ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਸੈਂਟਰ ਬਣਨਾ ਸ਼ੁਰੂ ਹੋਵੇਗਾ?

----

**ਮੁੱਲਾਂਪੁਰ ਤੋਂ ਹੰਬੜਾ ਤੱਕ ਫਿਰੋਜ਼ਪੁਰ ਰੋਡ ਨੂੰ ਚੌੜਾ ਕਰਨਾ**

***406 ਸ. ਮਨਪ੍ਰੀਤ ਸਿੰਘ ਇਆਲੀ (ਦਾਖਾ):**

**ਲੋਕ ਨਿਰਮਾਣ, ਬਿਜਲੀ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਮੁੱਲਾਂਪੁਰ ਤੋਂ ਹੰਬੜਾ ਤੱਕ ਫਿਰੋਜ਼ਪੁਰ ਰੋਡ ਨੂੰ ਚੌੜਾ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਚੰਡੀਗੜ੍ਹ.** **ਰਾਮ ਲੋਕ ਖਟਾਣਾ,**

**ਮਿਤੀ 18 ਅਕਤੂਬਰ, 2023.** **ਸਕੱਤਰ**